# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :01-04-2026**

ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਅ ਦੇ ਮੱਦੇਨਜ਼ਰ, ਤੇਲ ਮਾਰਕੀਟਿੰਗ ਕੰਪਨੀਆਂ ਨੇ ਮਹਾਨਗਰਾਂ ਵਿੱਚ ਵਪਾਰਕ LPG ਸਿਲੰਡਰਾਂ ਦੀਆਂ ਕੀਮਤਾਂ ਵਿੱਚ 195 ਰੁਪਏ 50 ਪੈਸੇ ਦਾ ਵਾਧਾ ਕੀਤਾ ਏ । ਇਸ ਦੌਰਾਨ, ਪੱਛਮੀ ਏਸ਼ੀਆ ਵਿੱਚ ਟਕਰਾਅ ਕਾਰਨ ਬਾਲਣ ਦੀਆਂ ਕੀਮਤਾਂ ਵਿੱਚ ਅਨਿਸ਼ਚਿਤਤਾ ਦੇ ਬਾਵਜੂਦ, ਦੇਸ਼ ਵਿੱਚ ਘਰੇਲੂ LPG ਸਿਲੰਡਰਾਂ ਦੀਆਂ ਕੀਮਤਾਂ ਵਿੱਚ ਕੋਈ ਬਦਲਾਅ ਨਹੀਂ ਹੋਇਆ ਏ ।

---

ਭਾਰਤ ਦੀ ਮਰਦਮਸ਼ੁਮਾਰੀ-2027, ਜੋ ਕਿ ਦੁਨੀਆ ਦੀ ਸਭ ਤੋਂ ਵੱਡੀ ਮਰਦਮਸ਼ੁਮਾਰੀ ਏ, ਦਾ ਪਹਿਲਾ ਗੇੜ੍ਹ ਅੱਜ ਤੋਂ ਸ਼ੁਰੂ ਹੋ ਗਿਆ ਏ । ਇਹ 16ਵੀਂ ਅਤੇ ਆਜ਼ਾਦੀ ਤੋਂ ਬਾਅਦ 8ਵੀਂ ਮਰਦਮਸ਼ੁਮਾਰੀ ਹੋਵੇਗੀ। ਮਰਦਮਸ਼ੁਮਾਰੀ ਦੋ ਗੇੜਾਂ ਵਿੱਚ ਕੀਤੀ ਜਾਵੇਗੀ। ਮਕਾਨਾਂ ਦੀ ਸੂਚੀ ਤਿਆਰ ਕਰਨਾ ਅਤੇ ਰਿਹਾਇਸ਼ੀ ਗਣਨਾ ਦਾ ਪਹਿਲਾ ਗੇੜ੍ਹ ਇਸ ਸਾਲ

ਸਤੰਬਰ ਤੱਕ ਪੂਰਾ ਹੋ ਜਾਵੇਗਾ। ਆਬਾਦੀ ਦੀ ਗਣਨਾ  ਦਾ ਦੂਜਾ ਗੇੜ੍ਹ ਅਗਲੇ ਸਾਲ ਫਰਵਰੀ ਦੌਰਾਨ ਕੀਤਾ ਜਾਵੇਗਾ. ਕੇਂਦਰ ਸ਼ਾਸਿਤ ਪ੍ਰਦੇਸ਼ ਲੱਦਾਖ , ਜੰਮੂ-ਕਸ਼ਮੀਰ ਅਤੇ ਉੱਤਰਾਖੰਡ ਅਤੇ ਹਿਮਾਚਲ ਪ੍ਰਦੇਸ਼ ਰਾਜਾਂ 'ਚ ਦੂਜਾ ਗੇੜ੍ਹ ਇਸ ਸਾਲ ਸਤੰਬਰ ਦੌਰਾਨ ਕੀਤਾ ਜਾਵੇਗਾ. ਕੇਂਦਰ ਸਰਕਾਰ ਨੇ ਮਰਦਮਸ਼ੁਮਾਰੀ-2027 ਦੀ ਪੂਰੀ ਪ੍ਰਕਿਰਿਆ ਲਈ 11 ਹਜ਼ਾਰ 718.24 ਕਰੋੜ ਰੁਪਏ ਦੇ ਖਰਚ ਨੂੰ ਮਨਜ਼ੂਰੀ ਦੇ ਦਿੱਤੀ ਏ.

ਪੇਸ਼ ਏ ਸਾਡੇ ਪੱਤਰਕਾਰ ਦੀ ਇੱਕ ਰਿਪੋਰਟ –

ਭਾਰਤ ਵਿਚ 2027 ਦੀ ਮਰਦਮ ਸ਼ੁਮਾਰੀ 15 ਸਾਲਾਂ ਦੇ ਵਕਫ਼ੇ ਤੋਂ ਬਾਅਦ ਕੀਤੀ ਜਾ ਰਹੀ ਹੈ। ਆਖਰੀ ਜਨਗਣਨਾ ਸਾਲ 2011 ਵਿੱਚ hoi ਸੀ। ਪੰਜਾਬ ਵਿੱਚ, ਸਵੈ-ਗਣਨਾ ਯਾਨੀ ਆਪਣੇ ਆਪ ਆਪਣਾ ਡਾਟਾ ਦਰਜ ਕਰਨ ਦਾ ਕਮ 30 ਅਪ੍ਰੈਲ ਤੋਂ 14 ਮਈ ਦੇ ਵਿਚਕਾਰ ਹੋਵੇਗਾ, ਜਦੋਂ ਕਿ ਘਰ-ਸੂਚੀ ਅਤੇ ਰਿਹਾਇਸ਼ੀ ਜਨਗਣਨਾ 15 ਮਈ ਤੋਂ 13 ਜੂਨ ਦੇ ਵਿਚਕਾਰ ਹੋਵੇਗੀ। ਗੁਆਂਢੀ ਰਾਜ ਹਰਿਆਣਾ ਅਤੇ ਦੋਵਾਂ ਰਾਜਾਂ ਦੀ ਰਾਜਧਾਨੀ, ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿੱਚ, ਸਵੈ-ਗਣਨਾ 16 ਅਪ੍ਰੈਲ ਤੋਂ 30 ਅਪ੍ਰੈਲ ਦੇ ਵਿਚਕਾਰ ਅਤੇ ਰਿਹਾਇਸ਼ੀ ਜਨਗਣਨਾ 1 ਤੋਂ 30 ਮਈ ਦੇ ਵਿਚਕਾਰ ਕੀਤੀ ਜਾਵੇਗੀ। ਹਿਮਾਚਲ ਪ੍ਰਦੇਸ਼ ਵਿੱਚ, ਸਵੈ-ਗਣਨਾ 1 ਤੋਂ 15 ਜੂਨ ਦੇ ਵਿਚਕਾਰ ਕੀਤੀ ਜਾਵੇਗੀ, ਜਦੋਂ ਕਿ ਰਿਹਾਇਸ਼ੀ ਮਰਦਮ ਸ਼ੁਮਾਰੀ 16 ਜੂਨ ਤੋਂ 15 ਜੁਲਾਈ ਦੇ ਵਿਚਕਾਰ ਹੋਵੇਗੀ। ਗਿਣਤੀਕਾਰ ਆਪਣੇ ਸਮਾਰਟ ਫੋਨ ਦੀ ਵਰਤੋਂ ਕਰਕੇ ਮੋਬਾਈਲ ਐਪ ਰਾਹੀਂ ਸਿੱਧਾ ਡੇਟਾ ਇਕੱਠਾ ਕਰਕੇ ਉਸਨੂੰ ਦਰਜ ਕਰਨਗੇ। ਇਸ ਤੋਂ ਇਲਾਵਾ, ਦੋਵਾਂ ਪੜਾਵਾਂ ਵਿੱਚ ਸਵੈ-ਗਣਨਾ ਲਈ ਇੱਕ ਔਨਲਾਈਨ ਪੋਰਟਲ ਦਾ ਵੀ ਪ੍ਰਬੰਧ ਕੀਤਾ ਗਯਾ ਏ। ਮੋਬਾਈਲ ਅੱਪਲੀਕੈਸ਼ਨ ਦੇ ਨਾਲ-ਨਾਲ ਸਵੈ-ਗਣਨਾ ਪੋਰਟਲ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਸਮੇਤ 16 ਭਾਸ਼ਾਵਾਂ ਵਿੱਚ ਉਪਲਬਧ ਹੋਵੇਗਾ।

---

ਪੰਜਾਬ ਦੇ ਦਹਿਸ਼ਤਗਰਦੀ ਨਾਲ ਪ੍ਰਭਾਵਿਤ ਪਰਿਵਾਰਾਂ ਦੇ ਇੱਕ ਵਫ਼ਦ ਨੇ ਕੱਲ੍ਹ ਪੰਜਾਬ ਦੇ ਰਾਜਪਾਲ, ਸ੍ਰੀ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕੀਤੀ ਅਤੇ ਆਪਣੀਆਂ ਬਕਾਇਆ ਪਈਆਂ ਮੰਗਾਂ ਨਾਲ ਸਬੰਧਿਤ  ਇੱਕ ਮੰਗ ਪੱਤਰ ਸੌਂਪਿਆ। ਵਫ਼ਦ ਨੇ ਬਕਾਇਆ ਮਾਲੀ ਪੈਕੇਜ ਜਾਰੀ ਕਰਨ, ਸ਼ਹੀਦ ਪੁਲਿਸ ਮੁਲਾਜ਼ਮਾਂ ਅਤੇ ਸਰਕਾਰੀ ਮੁਲਾਜ਼ਮਾਂ ਦੇ ਪਰਿਵਾਰਾਂ ਨੂੰ ਮੁਆਵਜ਼ਾ ਦੇਣ ਅਤੇ ਵਿਸ਼ੇਸ਼ ਪਰਿਵਾਰਕ ਪੈਨਸ਼ਨ ਲਾਭਾਂ ਨੂੰ ਵਧਾਉਣ ਦੀ ਮੰਗ ਕੀਤੀ। ਵਫ਼ਦ ਨੇ ਨਾਗਰਿਕ ਪੀੜਤਾਂ ਦੀਆਂ ਵਿਧਵਾਵਾਂ ਅਤੇ ਮਾਪਿਆਂ ਲਈ ਪੈਨਸ਼ਨ ਵਿੱਚ ਵਾਧਾ ਕਰਨ ਅਤੇ ਪੀੜਤ ਪਰਿਵਾਰ ਦੇ ਇੱਕ ਮੈਂਬਰ ਨੂੰ ਨੌਕਰੀ ਦੇਣ ਲਈ ਯੋਗਤਾ ਸ਼ਰਤਾਂ ਵਿੱਚ ਢਿੱਲ ਦੇਣ ਅਤੇ ਦਹਿਸ਼ਤਗਰਦੀ ਨਾਲ ਪ੍ਰਭਾਵਿਤ ਪਰਿਵਾਰਾਂ ਲਈ ਸਰਕਾਰੀ ਨੌਕਰੀਆਂ ਵਿੱਚ ਰਾਖਵੇਂਕਰਨ ਦੀ ਮੰਗ ਵੀ ਕੀਤੀ। ਰਾਜਪਾਲ ਨੇ ਵਫ਼ਦ ਨੂੰ  ਭਰੋਸਾ ਦਿੱਤਾ ਕਿ ਉਨ੍ਹਾਂ ਦੇ ਮਸਲਿਆਂ 'ਤੇ ਹਮਦਰਦੀ ਨਾਲ ਵਿਚਾਰ ਕੀਤਾ ਜਾਵੇਗਾ। ਰਾਜਪਾਲ ਨੇ ਕਿਹਾ ਕਿ, ਉਹ ਇਸ ਮਾਮਲੇ ਬਾਰੇ ਸਬੰਧਤ ਅਧਿਕਾਰੀਆਂ ਅਤੇ ਵਿਭਾਗਾਂ ਨਾਲ ਗੱਲਬਾਤ ਕਰਨਗੇ ਅਤੇ ਇੱਕ ਸਕਾਰਾਤਮਕ ਤੇ ਉਸਾਰੂ ਸਮੀਖਿਆ ਕੀਤੀ ਜਾਵੇਗੀ।

-----------------------------------------------------------------------------

ਪੰਜਾਬ ਸਰਕਾਰ ਨੇ ਰਾਜ ਦੇ ਰੋਪੜ ਜ਼ਿਲ੍ਹੇ ਦੇ ਨੰਗਲ ਕਸਬੇ ਵਿੱਚ, ਸਤਲੁਜ ਝੀਲ ਉੱਤੇ ਇੱਕ ਸ਼ੀਸ਼ੇ ਦਾ ਪੁਲ ਬਣਾਉਣ ਦਾ ਫੈਸਲਾ ਕੀਤਾ ਏ। ਇਹ ਉੱਤਰੀ ਭਾਰਤ ਦਾ ਅਜਿਹਾ ਪਹਿਲਾ ਸ਼ੀਸ਼ੇ ਦਾ ਪੁਲ ਦੱਸਿਆ ਜਾ ਰਿਹਾ ਏ। ਨੰਗਲ ਨੂੰ ਆਧੁਨਿਕ ਬੁਨਿਆਦੀ ਢਾਂਚੇ, ਹੁਨਰ ਵਿਕਾਸ ਅਤੇ ਸੈਰ-ਸਪਾਟੇ ਦੇ ਕੇਂਦਰ ਵਿੱਚ ਬਦਲਣ ਦੀ ਕੋਸ਼ਿਸ਼ ਵਿੱਚ, ਸਰਕਾਰ ਵੱਲੋਂ ਕੱਲ੍ਹ 75 ਕਰੋੜ ਰੁਪਏ ਦਾ ਵਿਕਾਸ ਪੈਕੇਜ ਜਾਰੀ ਕੀਤਾ ਗਿਆ। ਇਸ ਪੈਕੇਜ ਵਿੱਚ, 23 ਕਰੋੜ ਰੁਪਏ ਦਾ Centre of Excellence ਵੀ ਸ਼ਾਮਲ ਏ ਜਿਸਦਾ ਨਾਂ ਕਾਰਗਿਲ ਸ਼ਹੀਦ ਕੈਪਟਨ ਅਮੋਲ ਕਾਲੀਆ ਦੇ ਨਾਂ 'ਤੇ ਰੱਖਿਆ ਗਿਆ ਏ। ਇਸ ਤੋਂ ਇਲਾਵਾ ਸਿੱਖਿਆ ਦੇ ਬੁਨਿਆਦੀ ਢਾਂਚੇ ਵਿੱਚ ਵੀ ਵੱਡੇ ਪੱਧਰ 'ਤੇ ਸੁਧਾਰ ਕੀਤੇ ਜਾਣਗੇ।

-----------------------------------------------------------------------------

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਏ ਕਿ ਪੰਜਾਬ, ਭਾਰਤ ਦਾ ਪਹਿਲਾ ਸੂਬਾ ਏ, ਜੋ ‘ਮੁੱਖ ਮੰਤਰੀ ਸਿਹਤ ਯੋਜਨਾ’ ਤਹਿਤ ਹਰ ਪਰਿਵਾਰ ਨੂੰ 10 ਲੱਖ ਰੁਪਏ ਦੀ ਸਾਲਾਨਾ ਰਕਮ ਦੇ ਰਿਹਾ ਏ। ਇਹ ਯੋਜਨਾ PM-JAY ਸਕੀਮ ਦੇ 5 ਲੱਖ ਰੁਪਏ ਦੇ ਕਵਰ ਨੂੰ ਦੁੱਗਣਾ ਕਰਦੀ ਏ ਅਤੇ ਸਾਰੇ ਵਸਨੀਕਾਂ ਨੂੰ ਇਸ ਦੇ ਦਾਇਰੇ ਵਿੱਚ ਲਿਆਉਂਦੀ

ਏ। ਇੱਕ ਵੱਡੇ ਮੀਲ ਪੱਥਰ ਵਜੋਂ, ਸੂਬੇ ਵਿੱਚ ਹੁਣ ਤੱਕ 30 ਲੱਖ ਤੋਂ ਵੱਧ 'ਸਿਹਤ ਕਾਰਡ' ਬਣਾਏ ਜਾ ਚੁੱਕੇ ਨੇ,

-----------------------------------------------------------------------------------------

ਅੱਜ ਤੋਂ ਅੰਮ੍ਰਿਤਸਰ ਵਿੱਚ ਅਟਾਰੀ ਸਰਹੱਦ 'ਤੇ ਬੀਟਿੰਗ ਰੀਟ੍ਰੀਟ Ceremony ਦਾ ਸਮਾਂ ਬਦਲ ਦਿੱਤਾ ਗਿਆ ਏ । । ਹੁਣ ਝੰਡਾ ਉਤਾਰਨ ਦੀ ਰਸਮ ਸ਼ਾਮ ਸਾਢੇ 5 ਵਜੇ ਤੋਂ ਸ਼ਾਮ 6 ਵਜੇ ਤੱਕ ਹੋਵੇਗੀ ।ਇਹ ਫੈਸਲਾ ਬਦਲਦੇ ਮੌਸਮ ਅਤੇ ਦਿਨ ਦੀ ਰੌਸ਼ਨੀ ਨੂੰ ਦੇਖਦੇ ਹੋਏ ਲਿਆ ਗਿਆ ਏ

-----------------------------------------------------------------------------------------

IPL ਕ੍ਰਿਕੇਟ ਵਿੱਚ, ਕੱਲ੍ਹ ਨਿਊ ਚੰਡੀਗੜ੍ਹ ਵਿਖੇ, ਪੰਜਾਬ ਕਿੰਗਜ਼ ਨੇ ਗੁਜਰਾਤ ਟਾਈਟਨਸ ਨੂੰ 3 ਵਿਕਟਾਂ ਨਾਲ ਹਰਾਇਆ। ਗੁਜਰਾਤ ਟਾਈਟਨਸ ਵੱਲੋਂ ਦਿੱਤੇ ਗਏ 163 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ, ਪੰਜਾਬ ਕਿੰਗਜ਼ ਨੇ 19.1 ਓਵਰਾਂ ਵਿੱਚ 7 ਵਿਕਟਾਂ ਦੇ ਨੁਕਸਾਨ 'ਤੇ ਹੀ ਟੀਚਾ ਹਾਸਿਲ ਕਰ ਲਿਆ। ਆਪਣਾ ਪਹਿਲਾ ਮੈਚ ਖੇਡਣ ਵਾਲੇ Cooper Connolly ਦੀ ਜੇਤੂ 72 ਦੌੜਾਂ ਦੀ ਪਾਰੀ ਨੇ ਅਹਿਮ ਯੋਗਦਾਨ ਪਾਇਆ। ਕੂਪਰ ਨੂੰ ''ਮੈਨ ਆਫ ਦਿ ਮੈਚ'' ਚੁਣਿਆ ਗਿਆ। ਇਸ ਤੋਂ ਪਹਿਲਾਂ, ਗੁਜਰਾਤ ਟਾਈਟਨਸ ਨੇ ਨਿਰਧਾਰਤ 20 ਓਵਰਾਂ ਵਿੱਚ, 6

ਵਿਕਟਾਂ 'ਤੇ ਨੁਕਸਾਨ 'ਤੇ 162 ਦੌੜਾਂ ਬਣਾਈਆਂ।     ਅੱਜ ਲਖਨਊ ਵਿੱਚ, ਲਖਨਊ ਸੁਪਰ ਜਾਇੰਟਸ ਦਾ ਮੁਕਾਬਲਾ ਦਿੱਲੀ ਕੈਪੀਟਲਜ਼ ਨਾਲ ਹੋਵੇਗਾ। ਇਹ ਮੈਚ ਸ਼ਾਮੀਂ ਸਾਢੇ 7 ਵਜੇ ਸ਼ੁਰੂ ਹੋਵੇਗਾ।

---------------------------------------------------------------------------